# ਦਫਤਰ ਜਿਲ੍ਹਾ ਸਿੱਖਿਆ ਅਫਸਰ(ਐ.ਸਿੱ.),ਅੰਮ੍ਰਿਤਸਰ

ਪੱਤਰ ਨੰ:ਸਸਅ/ਆਰ.ਟੀ.ਈ/2023307729 ਮਿਤੀ: 2-11-23

ਵੱਲ:

ਮੈਨੇਜਰ / ਚੇਅਰਮੈਨ / ਪ੍ਰਧਾਨ

Narayana E Techno School, Blue Valley

Block Amritsar-3,

Amritsar.

ਵਿਸ਼ਾ:- ਬੱਚਿਆਂ ਦੇ ਮੁਫਤ ਅਤੇ ਲਾਜ਼ਮੀ ਸਿੱਖਿਆ ਦੇ ਅਧਿਕਾਰ ਨਿਯਮਾਂ, 2011 ਦੇ ਨਿਯਮ 11 ਦੇ ਉਪ ਨਿਯਮ (4) ਅਧੀਨ ਅਤੇ ਬੱਚਿਆਂ ਦੇ ਮੁਫਤ ਅਤੇ ਲਾਜ਼ਮੀ ਸਿੱਖਿਆ ਦੇ ਅਧਿਕਾਰ ਐਕਟ 2009 ਦੀ ਧਾਰਾ 18 ਦੇ ਮੰਤਵ ਲਈ ਸਕੂਲ ਦੇ ਮਾਨਤਾ ਪ੍ਰਾਪਤ ਪ੍ਰਮਾਣ ਪੱਤਰ।

ਸ੍ਰੀਮਾਨ/ ਸ੍ਰੀਮਤੀ ਜੀ,

ਆਪ ਜੀ ਦੀ ਪ੍ਰਤੀ ਬੇਨਤੀ ਨਾਲ ਦਾਖਲ ਸਵੈ-ਘੋਸ਼ਣਾ ਅਤੇ ਨਿਰੀਖਕ ਕਮੇਟੀ ਵਲੋਂ ਦਿੱਤੀ ਗਈ ਸਕੂਲ ਦੀ ਨਿਰੀਖਣ ਰਿਪੋਰਟ ਨੂੰ ਮੁੱਖ ਰੱਖਦੇ Narayana E Techno School, Blue Valley ਨੂੰ ਜਮਾਤ ਪ੍ਰੀ ਨਰਸਰੀ ਤੋਂ ਜਮਾਤ ਅੱਠਵੀਂ ਤੱਕ ਦੀ ਪੱਕੀ ਮਾਨਤਾ ਦਿੱਤੀ ਜਾਂਦੀ ਹੈ।

ਉਪਰੋਕਤ ਮਾਨਤਾ ਹੇਠ ਲਿਖੀਆਂ ਸ਼ਰਤਾਂ ਦੇ ਅਧਾਰ ਤੇ ਹੈ:-

1. ਮਾਨਤਾ ਪ੍ਰਾਪਤ ਦੀ ਪ੍ਰਵਾਨਗੀ ਵਾਧੇ ਯੋਗ ਨਹੀਂ ਹੈ ਅਤੇ ਕਿਸੇ ਵੀ ਹਾਲਤ ਵਿੱਚ ਇਸ ਦਾ ਮਤਲਬ ਇਹ ਨਹੀਂ ਲਿਆ ਜਾਣਾ ਚਾਹੀਦਾ ਹੈ ਕਿ ਇਹ ਅੱਠਵੀਂ ਜਮਾਤ ਤੋਂ ਉਪਰਲੀਆਂ ਜਮਾਤਾਂ ਦੀ ਮਾਨਤਾ / ਸਬੰਧਕਰਨ ਲਈ ਲਾਜ਼ਮੀ ਹੈ।

2. ਸਕੂਲ ਬੱਚਿਆਂ ਦਾ ਮੁਫਤ ਅਤੇ ਲਾਜ਼ਮੀ ਸਿੱਖਿਆ ਦੇ ਅਧਿਕਾਰ ਐਕਟ, 2009 (ਸਾਰਣੀ -1) ਅਤੇ ਬੱਚਿਆਂ ਦੇ ਮੁਫਤ ਅਤੇ ਲਾਜ਼ਮੀ ਸਿੱਖਿਆ ਦੇ ਅਧਿਕਾਰ ਨਿਯਮਾਂ, 2011 (ਸਾਰਣੀ -2) ਦੇ ਉਪਬੰਧਾਂ ਦੀ ਪਾਲਣਾ ਕਰੇਗਾ।

3. ਸਕੂਲ ਦੀ ਪਹਿਲੀ ਜਮਾਤ ਵਿੱਚ (ਜਾਂ ਪੂਰਵ ਸਕੂਲ ਜਮਾਤ ਵਿੱਚ ਜੇ ਵੀ ਲਾਗੂ ਹੋਵੇ) ਜਮਾਤ ਦੀ ਕੁੱਲ ਸੰਖਿਆ ਦਾ 25% ਕਮਜ਼ੋਰ ਤਬਕੇ ਅਤੇ ਗੈਰ ਸੁਵਿਧਾ ਪ੍ਰਾਪਤ ਸਮੂਹ ਦੇ ਆਸ-ਪਾਸ ਦੇ ਬੱਚਿਆਂ ਦਾ ਦਾਖਲਾ ਕਰੇਗਾ ਅਤੇ ਮੁਫਤ ਅਤੇ ਲਾਜ਼ਮੀ ਮੁਢਲੀ ਸਿੱਖਿਆ, ਇਸ ਦੇ ਪੂਰੇ ਹੋਣ ਤੱਕ ਪੜਤਾਲ ਕਰੇਗਾ। ਇਸ ਸਬੰਧੀ ਸਕੂਲ ਬੱਚਿਆਂ ਦੇ ਮੁਫਤ ਅਤੇ ਲਾਜ਼ਮੀ ਸਿੱਖਿਆ ਦੇ ਅਧਿਕਾਰ ਨਿਯਮ 2011 ਦੇ ਸੈਕਸ਼ਨ 7 ਦੀ ਪਾਲਣਾ ਕਰੇਗਾ।

4. ਸਕੂਲ ਦੇ ਪੈਰਾ 3 ਵਿੱਚ ਦਿੱਤੇ ਬੱਚਿਆਂ ਲਈ ਐਕਟ ਦੀ ਧਾਰਾ 12 ਦੀ ਉਪ ਧਾਰਾ(2) ਦੇ ਉਪਬੰਧਾਂ ਅਨੁਸਾਰ ਖਰਚੇ ਦੀ ਪ੍ਰਤੀਪੂਰਤੀ ਕੀਤੀ ਜਾਵੇਗੀ। ਇਹ ਪ੍ਰਤੀ ਪੂਰਤੀ ਲੈਣ ਲਈ ਸਕੂਲ ਨੂੰ ਵੱਖਰਾ ਬੈਂਕ ਖਾਤਾ ਰੱਖਣਾ ਪਵੇਗਾ।

5. ਸੰਸਥਾ/ ਸਕੂਲ ਕੋਈ ਕੈਪੀਟੇਸ਼ਨ ਫੀਸ ਨਹੀਂ ਲਵੇਗਾ ਅਤੇ ਬੱਚੇ ਦਾ ਉਸ ਦੇ ਮਾਪਿਆਂ ਜਾਂ ਸਰਪ੍ਰਸਤ ਦੀ ਚੋਣ ਦੀ ਕੋਈ ਵਿਧੀ ਨਹੀਂ ਅਪਣਾਏਗਾ।

6. ਸਕੂਲ ਕਿਸੇ ਬੱਚੇ ਨੂੰ ਜਨਮ ਦਾ ਸਬੂਤ ਨਾ ਹੋਣ ਕਾਰਨ ਦਾਖਲੇ ਤੋਂ ਇਨਕਾਰ ਨਹੀਂ ਕਰੇਗਾ ਅਤੇ ਐਕਟ ਦੀ ਧਾਰਾ 15 ਦੇ ਉਪਬੰਧਾਂ ਦੀ ਪਾਲਣਾ ਕਰੇਗਾ। ਸਕੂਲ ਇਹ ਯਕੀਨੀ ਬਣਾਏਗਾ ਕਿ :-

I.) ਕਿਸੇ ਵੀ ਦਾਖਲ ਕੀਤੇ ਬੱਚੇ ਨੂੰ ਸਕੂਲ ਵਿਚੋਂ ਕੱਢਿਆ ਨਹੀਂ ਜਾਵੇਗਾ ਜਦੋਂ ਤੱਕ ਕਿ ਉਸ ਦੀ ਮੁਢਲੀ ਸਿੱਖਿਆ ਪੂਰੀ ਨਹੀਂ ਹੋ ਜਾਂਦੀ।

II.) ਕਿਸੇ ਵੀ ਬੱਚੇ ਨੂੰ ਸਰੀਰਕ ਦੰਡ ਜਾਂ ਮਾਨਸਿਕ ਪ੍ਰੇਸ਼ਾਨੀ ਨਹੀਂ ਦਿੱਤੀ ਜਾਵੇਗੀ।

III.) ਹਰ ਇੱਕ ਬੱਚੇ ਨੂੰ ਜਿਸ ਨੇ ਮੁੱਢਲੀ ਸਿੱਖਿਆ ਪ੍ਰਾਪਤ ਕਰ ਲਈ ਹੈ , ਨੂੰ ਨਿਯਮ 25 ਅਨੁਸਾਰ ਪ੍ਰਮਾਣ ਪੱਤਰ ਦਿੱਤਾ ਜਾਵੇਗਾ।

IV.) ਐਕਟ ਦੇ ਉਪਬੰਧਾਂ ਅਨੁਸਾਰ ਵਿਸ਼ੇਸ਼ ਜਰੂਰਤਾਂ/ ਅਪੰਗ ਵਿਦਿਆਰਥੀਆਂ ਦੀ ਸ਼ਮੂਲੀਅਤ ।

V.) ਅਧਿਆਪਕਾਂ ਲਈ ਇਹ ਜਰੂਰੀ ਹੈ ਕਿ ਉਹ ਧਾਰਾ 23 (1) ਅਧੀਨ ਦਿੱਤੀਆਂ ਘੱਟੋ-ਘੱਟ ਵਿਦਿਅਕ ਯੋਗਤਾਵਾਂ ਪੂਰੀਆਂ ਕਰਦੇ ਹੋਣ।

VI.) ਅਧਿਆਪਕ ਐਕਟ ਦੀ ਧਾਰਾ 24(1) ਅਧੀਨ ਦਰਸਾਈਆਂ ਜਿੰਮੇਵਾਰੀਆਂ ਪੂਰੀਆਂ ਕਰਨਗੇ ।

VII) ਅਧਿਆਪਕ ਆਪਣੇ ਆਪ ਨੂੰ ਪ੍ਰਾਈਵੇਟ ਟਿਊਸ਼ਨਾਂ ਵਿੱਚ ਮਸ਼ਰੂਫ ਨਹੀਂ ਰੱਖਣਗੇ ।

VIII) ਸਕੂਲ ਪਹਿਲੀ ਜਮਾਤ ਤੋਂ ਪੰਜਾਬੀ ਅਤੇ ਤੀਸਰੀ ਜਮਾਤ ਤੋਂ ਹਿੰਦੀ ਪੜ੍ਹਾਉਣਾ ਲਾਜਮੀ ਬਣਾਏਗਾ।

IX) ਸਕੂਲ ਹਰ ਸਾਲ ਯੂ-ਡਾਈਸ ਭਰਨਾ ਯਕੀਨੀ ਬਣਾਏਗਾ।

Scanned with OKEN Scanner

7. ਸਕੂਲ ਪੜ੍ਹਾਈ ਦੇ ਵਿਸ਼ਿਆਂ ਦੇ ਅਧਾਰ ਤੇ ਉਚਿਤ ਅਥਾਰਟੀ ਦੁਆਰਾ ਨਿਰਧਾਰਤ ਕੀਤੇ ਸਿਲੇਬਸ ਦੀ ਪੈਰਵੀ ਕਰਨਗੇ।

8. ਸਕੂਲ ਐਕਟ ਦੀ ਧਾਰਾ 19 ਵਿੱਚ ਨਿਰਧਾਰਤ ਸ਼ਰਤਾਂ ਅਤੇ ਮਿਆਰਾਂ ਦੀ ਪਾਲਣਾ ਕਰੇਗਾ।

9. ਸਕੂਲ ਦੇ ਇਸੇ ਨਾਮ ਤੇ ਸਕੂਲ ਦੀ ਇਮਾਰਤ ਅੰਦਰ ਜਾਂ ਇਸ ਦੇ ਬਾਹਰ ਕੋਈ ਵੀ ਗੈਰ ਮਾਨਤਾ ਪ੍ਰਾਪਤ ਜਮਾਤ ਨਹੀਂ ਚਲਾਈ ਜਾਵੇਗੀ।

10. ਸਕੂਲ ਦੀ ਇਮਾਰਤ ਜਾਂ ਹੋਰ ਢਾਂਚਾ ਜਾਂ ਮੈਦਾਨ ਕੇਵਲ ਪੜ੍ਹਾਈ ਜਾਂ ਯੋਗਤਾ ਵਿਕਾਸ ਲਈ ਹੀ ਵਰਤੇ ਜਾਣਗੇ।

11. ਸਕੂਲ ਸੁਸਾਇਟੀ ਰਜਿਸਟਰੇਸ਼ਨ ਐਕਟ 1860 (1860 ਦਾ 21) ਅਧੀਨ ਰਜਿਸਟਰਡ ਕੀਤੀ ਸੁਸਾਇਟੀ ਦੁਆਰਾ ਜਾਂ ਸਮੇਂ ਸਮੇਂ ਤੇ ਲਾਗੂ ਕਿਸੇ ਕਾਨੂੰਨ ਅਧੀਨ ਸਿਰਜੇ ਗਏ ਟਰੱਸਟ ਦੁਆਰਾ ਚਲਾਇਆ ਜਾ ਰਿਹਾ ਹੈ।

12. ਸਕੂਲ ਸਮੇਂ ਸਮੇਂ ਤੇ ਲੋੜੀਦੇ ਦਸਤਾਵੇਜਾਂ ਜਿਵੇਂ ਕਿ ਬਿਲਡਿੰਗ ਸੇਫਟੀ ਸਰਟੀਫਿਕੇਟ, ਫਾਇਰ ਸੇਫਟੀ ਸਰਟੀਫਿਕੇਟ,ਜਮੀਨ ਸਬੰਧੀ ਦਸਤਾਵੇਜ ਅਤੇ ਹੋਰ ਕੋਈ ਵੀ ਦਸਤਾਵੇਜ ਜਿਸ ਦੀ ਮਿਆਦ ਖਤਮ ਹੋ ਜਾਵੇ, ਦਾ ਨਵੀਨੀਕਰਨ ਕਰਵਾਏਗਾ ਅਤੇ ਇਸ ਦੀ ਕਾਪੀ ਦਫਤਰ ਜ਼ਿਲ੍ਹਾ ਸਿੱਖਿਆ ਅਫਸਰ (ਐ.ਸਿ), ਅੰਮ੍ਰਿਤਸਰ ਵਿਖੇ ਜਮਾਂ ਕਰਵਾਏਗਾ ।ਜੇਕਰ ਸਕੂਲ ਇਸ ਕੰਮ ਪ੍ਰਤੀ ਅਣਗਹਿਲੀ ਕਰਦਾ ਪਾਇਆ ਜਾਂਦਾ ਹੈ ਤਾਂ ਸਕੂਲ ਦੀ ਮਾਨਤਾ ਬਿਨਾ ਨੋਟਿਸ ਦਿੱਤਿਆ ਰੱਦ ਕਰ ਦਿੱਤੀ ਜਾਵੇਗੀ ।

13. ਸਕੂਲ ਕਿਸੇ ਨਿੱਜੀ , ਸਮੂਹ ਜਾਂ ਵਿਅਕਤੀਆਂ ਦੇ ਸਮੂਹਾਂ ਜਾਂ ਕਿਸੇ ਹੋਰ ਵਿਅਕਤੀ ਦੇ ਲਾਭ ਲਈ ਨਹੀਂ ਚਲਾਇਆ ਜਾਵੇਗਾ।

14. ਲੇਖੇ ਕਿਸੇ ਪ੍ਰਮਾਣਿਤ ਚਾਰਟਿਡ ਲੇਖਾਕਾਰ ਦੁਆਰਾ ਆਡਿਟ ਕੀਤਾ ਜਾਣਾ ਚਾਹੀਦਾ ਹੈ ਅਤੇ ਨਿਯਮਾਂ ਅਨੁਸਾਰ ਲੇਖਿਆਂ ਦੀ ਸਟੇਟਮੈਂਟ ਤਿਆਰ ਕੀਤੀ ਜਾਵੇਗੀ।ਹਰ ਲੇਖਾਸਾਰਨੀ ਦੀ ਇੱਕ ਕਾਪੀ ਹਰ ਸਾਲ ਜਿਲ੍ਹਾ ਸਿੱਖਿਆ ਅਫਸਰ ਨੂੰ ਭੇਜੀ ਜਾਵੇਗੀ।

15. ਸਕੂਲ ਸਰਕਾਰ ਅਤੇ ਵਿਭਾਗ ਵੱਲੋਂ ਸਮੇ ਸਮੇ ਤੇ ਜਾਰੀ ਕੀਤੀਆਂ ਸਕੂਲੀ ਟਰਾਂਸਪੋਰਟ ਸਬੰਧੀ ਹਦਾਇਤਾਂ ਦੀ ਪਾਲਣਾ ਕਰਨੀ ਯਕੀਨੀ ਬਣਾਏਗਾ। ਸਕੂਲ ਸਰਕਾਰ/ਵਿਭਾਗ ਵੱਲੋ ਜਾਰੀ ਕੀਤੀ ਸੇਫ ਸਕੂਲ ਵਾਹਨ ਪਾਲਿਸੀ ਦੀ ਪਾਲਣਾ ਯਕੀਨੀ ਬਣਾਏਗਾ।

16. ਆਪ ਦੇ ਸਕੂਲ ਦਾ ਮਾਨਤਾ ਪ੍ਰਾਪਤ ਕੋਡ ਨੰਬਰ ਆਰ.ਟੀ.ਈ ਅੰਮ੍ਰਿਤਸਰ- 02381075 ਹੈ। ਇਸ ਨੂੰ ਨੋਟ ਕਰ ਲਿਆ ਜਾਵੇ ਅਤੇ ਇਸ ਦਫਤਰ ਨਾਲ ਪੱਤਰ ਵਿਹਾਰ ਕਰਦੇ ਸਮੇਂ ਇਹ ਦਰਜ ਕੀਤਾ ਜਾਵੇ।

17. ਸਕੂਲ ਡਾਇਰੈਕਟਰ ਜਾਂ ਜਿਲ੍ਹਾ ਸਿੱਖਿਆ ਅਧਿਕਾਰੀ ਦੁਆਰਾ ਸਮੇਂ ਸਮੇਂ ਤੇ ਮੰਗੀ ਗਈ ਸੂਚਨਾਂ ਪੇਸ਼ ਕਰੇਗਾ ਅਤੇ ਪੰਜਾਬ ਸਰਕਾਰ/ਸਥਾਨਕ ਅਥਾਰਟੀ ਦੀਆਂ ਹਦਾਇਤਾਂ ਜੋ ਮਾਨਤਾ ਪ੍ਰਾਪਤੀ ਦੀਆਂ ਸ਼ਰਤਾਂ ਪੂਰੀਆਂ ਕਰਨ ਜਾਂ ਸਕੂਲ ਦੇ ਕੰਮਕਾਜ ਵਿੱਚ ਕਮੀਆਂ ਨੂੰ ਦੂਰ ਕਰਨ ਲਈ ਜਾਰੀ ਕੀਤੀਆਂ ਜਾਣਗੀਆਂ ਦੀ ਪਾਲਣਾ ਕਰੇਗਾ।

18. ਸੰਸਥਾਂ ਦੀ ਰਜਿਸਟਰੇਸ਼ਨ ਜਾਂ ਨਵੀਨੀਕਰਨ ਜੇਕਰ ਕੋਈ ਜਰੂਰੀ ਹੋਵੇ ਕਰਵਾਉਣਾ ਯਕੀਨੀ ਬਣਾਇਆ ਜਾਵੇ।

19. ਸਕੂਲ, The Punjab Regulation of Fee of Unaided Educational Institutions Act, 2016 (Punjab Act No. 47 of 2016). ਵਿੱਚ ਦਰਜ ਸ਼ਰਤਾਂ ਅਤੇ ਹਦਾਇਤਾਂ ਦੀ ਇੰਨ ਬਿੰਨ ਪਾਲਣਾ ਕਰਨ ਦਾ ਪਾਬੰਧ ਰਹੇਗਾ।

ਜ਼ਿਲ੍ਹਾ ਸਿੱਖਿਆ ਅਫਸਰ (ਐ.ਸਿ),
ਅੰਮ੍ਰਿਤਸਰ

Scanned with OKEN Scanner

# Translation From Punjabi To English

## Office District Education Officer (SEC), District Amritsar

Letter No. SSA/RTE/2023307129 Dated:02-11-2023

To

Manager / Chairman / President
Narayana E-Techno School, Blue Valley,
, Block Amritsar-3,
Amritsar.

Subject: The Right of Children to Free and Compulsory Education Rules, 2011 of rule 11 Under sub-rule (4) of and for the purpose of section 18 of the Right of Children to Free and Compulsory Education Act, 2009 the recognized certificate of the school.

Sir/Madam,

The inspection report of the school submitted by the self-feeding and inspection committee submitted with your request is given to Narayana E-Techno School, Blue Valley for three years temporary recognition from class pre-nursery to class VIII.

The above recognition is based on the following efforts.

1. The approval of the affiliate is not implied and in no case should it be taken to mean that It is mandatory for recognition/affiliation of classes above VIII.

2 The school shall comply with the Right of Children to Free and Compulsory Education Act 2009 (Schedule-1) and the Right of Children to Free and Compulsory Education Rules, 2011 (Schedule 2) two sub-clauses.

3 The school shall enroll 25% of the total number of children belonging to the weaker sections and underprivileged groups in the first class (or pre-sedentary class, as the case may be) and provide free and compulsory primary education, in its entirety. Will investigate the solution.

4. In respect of children referred to in paragraph 3 of the school, allowance shall be reimbursed in accordance with the provisions of sub-section (2) of section 12 of the Act. In order to get this compensation, you have to maintain a bank account that looks after the property.

5 Institution/school shall not charge any capitation fee and shall not adopt any method of selection of the batch by its parents or surplus.

6. The school shall not refuse admission to any child for lack of proof of birth and shall comply with the provisions of Section 15 of the Act. The school shall ensure that:-

I) No enrolled child shall be withdrawn from school until his elementary education is completed.

II.) No child shall be subjected to physical harm or mental distress.

III.) To every child who has received primary education. will be issued certificate as per rule 25.

IV.) Inclusion of special needs/handicapped students as per the provisions of the Act.

V.) It is necessary for teachers to fulfill the minimum educational qualifications given under Section 23 (1).

VI.) Teachers shall fulfill the responsibilities mentioned under Section 24(1) of the Act.

GURCHARANJIT SINGH Advocate
APPOINTED NOTARY BY PUNJAB GOVT. FOR AMRITSAR DISTRICT
Regd.No.1413
AMRITSAR

Scanned with OKEN Scanner

VII) Teachers shall not indulge themselves in private tuitions.

VIII) The school shall make it compulsory to teach Punjabi from 1st and Hindi from 3rd standard.

IX) The School will make sure to fill the U-Dice every year.

7 Schools shall follow the syllabus prescribed by the appropriate authority based on the subjects of study.

8.The school shall comply with the conditions and standards prescribed in section 19 of the Act.

9. No unrecognized class shall be conducted inside or outside the school premises in the same name as the school.

10. The school building or other structure or grounds shall be used only for instruction or skill development.

11. Being conducted by a society registered under the School Societies Registration Act 1860 (21 of 1860) or by a trust created under any law from time to time in force.

12. The school shall, from time to time, renew the required documents such as Building Safety Certificate, Fire Safety Certificate, Land Certificate and any other document which expires and copy the same to the office of the District Education Officer (DEO). Will deposit at Amritsar. If the school is found neglecting this task, the recognition of the school will be canceled without notice.

13. The school shall not be run for the benefit of any individual, group or group of persons or any other person.

14. Accounts shall be audited by a certified chartered accountant and statement of accounts shall be prepared as per rules. A copy of each account will be sent to the District Education Officer every year.

15. The school shall ensure compliance with the Instructions regarding Transport issued by the Government and the Department from time to time. The school shall ensure compliance with the Safe School Vehicle Policy issued by the Government/Department.

16. The recognized code number of your school is **RTE Amritsar- 02381075**. This should be noted and recorded while dealing with this office.

17. The school shall furnish the information called for by the Director or the District Education Officer from time to time and shall comply with the instructions of the Punjab Government/Local Authority issued to fulfill the conditions of recognition or to remedy the deficiencies in the functioning of the school.

18. Registration or renewal of institutions should be ensured if any is necessary.

19. The Punjab Regulation of Fee of Unaided Educational Institutions Act, 2016 (Punjab Act No. 47

of 2016). There will be a requirement to follow the conditions and instructions contained.

GURCHARANJIT SINGH Advocate
APPOINTED NOTARY BY PUNJAB GOVT. FOR AMRITSAR DISTRICT Regd.No.1413
AMRITSAR

Attested to be true copy of document produced Translated from Punjabi to English

Notary Public For Amritsar Distt. Amritsar

29 JUN 2024

Sd/-

District Education Officer (AS), Amritsar

Scanned with OKEN Scanner

**ਪੰਜਾਬ ਸਰਕਾਰ**

**ਸਿੱਖਿਆ ਵਿਭਾਗ**

**(ਸਿੱਖਿਆ-3 ਸ਼ਾਖਾ)**

**ਨੰ.** SED-EDU303/103/2024-3EDU3 I/872022/2024 **ਮਿਤੀ, ਚੰਡੀਗੜ੍ਹ:28.06.2024**

1. ਸਿੱਖਿਆ ਵਿਭਾਗ ਦੀਆਂ ਹਦਾਇਤਾਂ ਮਿਤੀ 26.11.2018 ਦੇ ਪੈਰ੍ਹਾ 3 ਅਤੇ 5 ਅਤੇ ਹਦਾਇਤਾਂ ਮਿਤੀ 11.02.2019 Narayana E-Techno School, Blue Valley, Miran Kot Khurd, Amritsar ਨੂੰ ਬਾਰਵੀ ਪੱਧਰ ਤੱਕ ਦੀ ਮਾਨਤਾ ਦਿੱਤੀ ਜਾਂਦੀ ਹੈ।

2. ਇਹ ਮਾਨਤਾ ਸਕੂਲ ਵੱਲੋਂ ਐਨ.ਓ.ਸੀ. ਲਈ ਪੇਸ਼ ਕੀਤੇ ਗਏ ਦਸਤਾਵੇਜਾਂ, ਜਿਲ੍ਹਾ ਪੱਧਰੀ ਕਮੇਟੀ ਦੀ ਨਿਰੀਖਣ ਰਿਪੋਰਟ, ਜਿਲ੍ਹਾ ਸਿੱਖਿਆ ਅਫਸਰ (ਸੈ:ਸਿ), ਅੰਮ੍ਰਿਤਸਰ ਅਤੇ ਡਾਇਰੈਕਟਰ ਸਿੱਖਿਆ ਵਿਭਾਗ (ਸੈ:ਸਿ), ਪੰਜਾਬ, ਮੋਹਾਲੀ ਦੀ ਸਿਫਾਰਸ਼ਾਂ ਸਨਮੁੱਖ ਦਿੱਤੀ ਗਈ ਹੈ।

3. ਸਕੂਲ ਇਤਰਾਜਹੀਣਤਾ ਸਰਟੀਫਿਕੇਟ ਨੰ.SED-EDU303/103/2024-3EDU3 I/872021/2024 ਮਿਤੀ 28.06.2024 ਵਿੱਚ ਦਰਜ ਸ਼ਰਤਾਂ ਅਤੇ ਸਕੂਲ ਸਿੱਖਿਆ ਵਿਭਾਗ, ਪੰਜਾਬ ਸਰਕਾਰ ਵੱਲੋਂ ਸਮੇਂ-ਸਮੇਂ ਸਿਰ ਜਾਰੀ ਹਦਾਇਤਾਂ ਦੀ ਪਾਲਣਾ ਕਰਨ ਦਾ ਪਾਬੰਦ ਹੋਵੇਗਾ। ਜੇਕਰ ਸਕੂਲ ਦਾ ਇਤਰਾਜਹੀਣਤਾ ਸਰਟੀਫਿਕੇਟ ਰੱਦ ਕੀਤਾ ਜਾਂਦਾ ਹੈ ਤਾਂ ਮਾਨਤਾ ਰੱਦ ਸਮਝੀ ਜਾਵੇਗੀ।

**ਵਧੀਕ ਸਕੱਤਰ,**

**ਸਕੂਲ ਸਿੱਖਿਆ ਵਿਭਾਗ**

**ਪਿ.ਅੰ.ਨੰ.**SED-EDU303/103/2024-3EDU3 I/872022/2024/1-4**ਮਿਤੀ,ਚੰਡੀਗੜ੍ਹ28.06.2024**

ਉਪਰਕੋਤ ਦਾ ਇਕ ਉਤਾਰਾ ਹੇਠ ਲਿੱਖਿਆ ਨੂੰ ਸੂਚਨਾ ਅਤੇ ਲੋੜੀਂਦੀ ਕਾਰਵਾਈ ਹਿਤ ਭੇਜਿਆ ਜਾਂਦਾ ਹੈ:

1. ਪ੍ਰਿੰਸੀਪਲ Narayana E-Techno School,Blue Valley, Miran Kot Khurd, Amritsar
2. ਡਾਇਰੈਕਟਰ ਸਕੂਲ ਸਿੱਖਿਆ (ਸੈਕੰਡਰੀ) ਪੰਜਾਬ, ਮੋਹਾਲੀ।
3. ਜਿਲ੍ਹਾ ਸਿੱਖਿਆ ਅਫਸਰ (ਸੈ.ਸਿ), ਜਿਲ੍ਹਾ ਅੰਮ੍ਰਿਤਸਰ।
4. ਇੰਚਾਰਜ਼, ਮੈਨੇਜਮੈਂਟ ਇੰਨਫਾਰਮੇਸ਼ਨ ਸਿਸਟਮ (ਐਮ.ਆਈ.ਐਸ)।

**ਵਧੀਕ ਸਕੱਤਰ,**

**ਸਕੂਲ ਸਿੱਖਿਆ ਵਿਭਾਗ**

Punjab Government
Education Department
(Education-3 Branch)

Memo No.: SED-EDU303/103/2024-3EDU3 I/872021/2024 Chandigarh: 28.06.2024

1. As per instructions dated 26.11.2018 para 3 & 5 and instructions dated 11.02.2019 Principal Narayana E-Techno School, Blue Valley, Miran Kot Khurd, District Amritsar is recognized as tenth standard.

2 This recognition is given by the school through NOC. Affidavits along with documents submitted for, inspection report of district level committee, recommendations of District Education Officer (SEC), Amritsar and Director Education Department (SEC), Punjab Mohali have been submitted.

3. School No objection certificate no. SED-EDU303/103/2024-3EDU3 I/872021/2024 dated 28.06.2024 will be bound to follow the conditions and the instructions issued from time to time by the School Education Department, Government of Punjab. If the school's No Objection Certificate is cancelled, the accreditation will be deemed cancelled.

Sd/-

Under Secretary School Education

L.P.N. SED-EDU303/103/2024-3EDU3 I/872021/2024/1-4 dated 28.06.2024

A copy of the above is forwarded to the undersigned for information and necessary action.

1. The Principal, Narayana E-Techno School, Blue Valley, Miran Kot Khurds, District Amritsar.

2 Director School Education (Secondary) Punjab, Mohali.

3. District Education Officer (SEC), District Amritsar.

4 Incharge, Management Information System (MIS).

GURCHARANJIT SINGH Advocate
APPOINTED NOTARY BY PUNJAB GOVT. FOR AMRITSAR DISTRICT
Regd No. 1413
AMRITSAR

Attested to be true copy of document produced Translated from Punjabi to English

Notary Public For Amritsar Distt. Amritsar

29 JUN 2024

Sd/-

Under Secretary School Education

Scanned with OKEN Scanner